ਗਉੜੀ ॥ ਅਗਨਿ ਨ ਦਹੈ ਪਵਨੁ ਨਹੀ ਮਗਨੈ ਤਸਕਰੁ ਨੇਰਿ ਨ ਆਵੈ ॥ ਰਾਮ ਨਾਮ ਧਨੁ ਕਰਿ ਸੰਚਉਨੀ ਸੋ ਧਨੁ ਕਤ ਹੀ ਨ ਜਾਵੈ ॥ ੧॥ ਹਮਰਾ ਧਨੁ ਮਾਧਉ ਗੋਬਿੰਦੁ ਧਰਣੀਧਰੁ ਇਹੈ ਸਾਰ ਧਨੁ ਕਹੀਐ ॥ ਜੋ ਸੁਖੁ ਪ੍ਰਭ ਗੋਬਿੰਦ ਕੀ ਸੇਵਾ ਸੋ ਸੁਖੁ ਰਾਜਿ ਨ ਲਹੀਐ ॥ ੧॥ ਰਹਾਉ ॥ ਇਸੁ ਧਨ ਕਾਰਣਿ ਸਿਵ ਸਨਕਾਦਿਕ ਖੋਜਤ ਭਏ ਉਦਾਸੀ ॥ ਮਨਿ ਮੁਕੰਦੁ ਜਿਹਬਾ ਨਾਰਾਇਨੁ ਪਰੈ ਨ ਜਮ ਕੀ ਫਾਸੀ ॥੨॥ ਨਿਜ ਧਨੁ ਗਿਆਨੁ ਭਗਤਿ ਗੁਰਿ ਦੀਨੀ ਤਾਸੁ ਸੁਮਤਿ ਮਨੁ ਲਾਗਾ ॥ ਜਲਤ ਅੰਭ ਥੰਭਿ ਮਨੁ ਧਾਵਤ ਭਰਮ ਬੰਧਨ ਭਉ ਭਾਗਾ ॥ ੩॥ ਕਹੈ ਕਬੀਰੁ ਮਦਨ ਕੇ ਮਾਤੇ ਹਿਰਦੈ ਦੇਖੁ ਬੀਚਾਰੀ ॥ ਤੁਮ ਘਰਿ ਲਾਖ ਕੋਟਿ ਅਸ੍ਵ ਹਸਤੀ ਹਮ ਘਰਿ ਏਕੁ ਮੁਰਾਰੀ ॥੪॥੧॥੭॥੫੮॥ {ਪੰਨਾ 336}

ਪਦਅਰਥ:- ਦਹੈ—ਸਾੜਦੀ। ਮਗਨੈ—ਗੁੰਮ ਕਰਦੀ, ਲੋਪ ਕਰਦੀ, ਉਡਾ ਲੈ ਜਾਂਦੀ। ਤਸਕਰੁ—ਚੋਰ। ਨੇਰਿ—ਨੇੜੇ। ਸੰਚਉਨੀ ਕਰਿ—ਇਕੱਠਾ ਕਰ, ਜੋੜ। ਕਤਹੀ—ਕਿਤੇ ਭੀ।1।

ਧਰਣੀ ਧਰੁ—ਧਰਤੀ ਦਾ ਆਸਰਾ। ਸਾਰ—ਸ੍ਰੇਸ਼ਟ, ਸਭ ਤੋਂ ਵਧੀਆ। ਰਾਜਿ—ਰਾਜ ਵਿਚ।1। ਰਹਾਉ।

ਸਨਕਾਦਿਕ—ਸਨਕ ਆਦਿਕ ਬ੍ਰਹਮਾ ਦੇ ਚਾਰੇ ਪੁੱਤਰ। ਉਦਾਸੀ—ਵਿਰਕਤ। ਮਨਿ—(ਜਿਸ ਮਨੁੱਖ ਦੇ) ਮਨ ਵਿਚ। ਮੁਕੰਦ—ਮੁਕਤੀ ਦੇਣ ਵਾਲਾ ਪ੍ਰਭੂ। ਫਾਸੀ—ਫਾਹੀ।2।

ਨਿਜ ਧਨੁ—ਨਿਰੋਲ ਆਪਣਾ ਧਨ। ਗੁਰਿ—ਗੁਰੂ ਨੇ। ਤਾਸੁ—ਉਸ (ਭਗਤੀ) ਵਿਚ। ਸੁਮਤਿ ਮਨੁ—ਸ੍ਰੇਸ਼ਟ ਮਤ ਵਾਲੇ ਬੰਦੇ ਦਾ ਮਨ। ਜਲਤ—ਸੜਦੇ ਨੂੰ। ਅੰਭ—ਪਾਣੀ। ਥੰਭਿ—ਥੰਮ੍ਹੀ।3।

ਮਦਨ—ਕਾਮ ਵਾਸ਼ਨਾ। ਮਾਤੇ—ਮਸਤੇ ਹੋਏ। ਬੀਚਾਰੀ—ਵਿਚਾਰ ਕੇ, ਸੋਚ ਕੇ। ਤੁਮ ਘਰਿ—ਤੁਹਾਡੇ ਘਰ ਵਿਚ। ਕੋਟਿ—ਕ੍ਰੋੜਾਂ। ਅਸ੍ਵ—ਘੋੜੇ। ਹਸਤੀ—ਹਾਥੀ। ਮੁਰਾਰੀ—{ਮੁਰ—ਅਰਿ; ਮੁਰ ਦੈਂਤ ਦਾ ਵੈਰੀ} ਪਰਮਾਤਮਾ।4।

ਅਰਥ:- (ਹੇ ਭਾਈ!) ਪਰਮਾਤਮਾ ਦਾ ਨਾਮ-ਰੂਪ ਧਨ ਇਕੱਠਾ ਕਰ, ਇਹ ਕਿਧਰੇ ਨਾਸ ਨਹੀਂ ਹੁੰਦਾ। ਇਸ ਧਨ ਨੂੰ ਨਾਹ ਅੱਗ ਸਾੜ ਸਕਦੀ ਹੈ, ਨਾਹ ਹਵਾ ਉਡਾ ਕੇ ਲੈ ਜਾ ਸਕਦੀ ਹੈ, ਅਤੇ ਨਾਹ ਹੀ ਕੋਈ ਚੋਰ ਇਸ ਦੇ ਨੇੜੇ ਢੁਕ ਸਕਦਾ ਹੈ।1।

ਸਾਡਾ ਧਨ ਤਾਂ ਮਾਧੋ ਗੋਬਿੰਦ ਹੀ ਹੈ ਜੋ ਸਾਰੀ ਧਰਤੀ ਦਾ ਆਸਰਾ ਹੈ। (ਸਾਡੇ ਮਤ ਵਿਚ ਤਾਂ) ਇਸੇ ਧਨ ਨੂੰ ਸਭ ਧਨਾਂ ਨਾਲੋਂ ਚੰਗਾ ਵਧੀਆ ਆਖੀਦਾ ਹੈ। ਜੋ ਸੁਖ ਪਰਮਾਤਮਾ ਗੋਬਿੰਦ ਦੇ ਭਜਨ ਵਿਚ ਮਿਲਦਾ ਹੈ, ਉਹ ਸੁਖ ਰਾਜ ਵਿਚ (ਭੀ) ਨਹੀਂ ਲੱਭਦਾ।1। ਰਹਾਉ।

ਇਸ (ਨਾਮ) ਧਨ ਦੀ ਖ਼ਾਤਰ ਸ਼ਿਵ ਤੇ ਸਨਕ ਆਦਿਕ (ਬ੍ਰਹਮਾ ਦੇ ਚਾਰੇ ਪੁੱਤਰ) ਭਾਲ ਕਰਦੇ ਕਰਦੇ ਜਗਤ ਤੋਂ ਵਿਰਕਤ ਹੋਏ। ਜਿਸ ਮਨੁੱਖ ਦੇ ਮਨ ਵਿਚ ਮੁਕਤੀ ਦਾਤਾ ਪ੍ਰਭੂ ਵੱਸਦਾ ਹੈ, ਜਿਸ ਦੀ ਜੀਭ ਤੇ ਅਕਾਲ ਪੁਰਖ ਟਿਕਿਆ ਹੈ, ਉਸ ਨੂੰ ਜਮ ਦੀ (ਮੋਹ-ਰੂਪ) ਫਾਹੀ ਨਹੀਂ ਪੈ ਸਕਦੀ।2।

ਪ੍ਰਭੂ ਦੀ ਭਗਤੀ, ਪ੍ਰਭੂ ਦਾ ਗਿਆਨ ਹੀ, (ਜੀਵ ਦਾ) ਨਿਰੋਲ ਆਪਣਾ ਧਨ (ਹੋ ਸਕਦਾ) ਹੈ। ਜਿਸ ਸੁਚੱਜੀ ਮਤ ਵਾਲੇ ਨੂੰ ਗੁਰੂ ਨੇ (ਇਹ ਦਾਤ) ਦਿੱਤੀ ਹੈ, ਉਸ ਦਾ ਮਨ ਉਸ ਪ੍ਰਭੂ ਵਿਚ ਟਿਕਦਾ ਹੈ। (ਮਾਇਆ ਦੀ ਤ੍ਰਿਸ਼ਨਾ ਦੀ ਅੱਗ ਵਿਚ) ਸੜਦੇ ਲਈ (ਇਹ ਨਾਮ-ਧਨ) ਪਾਣੀ ਹੈ, ਤੇ ਭਟਕਦੇ ਮਨ ਨੂੰ ਇਹ ਥੰਮ੍ਹੀ ਹੈ, (ਨਾਮ ਦੀ ਬਰਕਤ ਨਾਲ) ਭਰਮਾਂ ਦੇ ਬੰਧਨਾਂ ਦਾ ਡਰ ਦੂਰ ਹੋ ਜਾਂਦਾ ਹੈ।3।

ਕਬੀਰ ਆਖਦਾ ਹੈ—ਹੇ ਕਾਮ-ਵਾਸ਼ਨਾ ਵਿਚ ਮੱਤੇ ਹੋਏ (ਰਾਜਨ!) ਮਨ ਵਿਚ ਸੋਚ ਕੇ ਵੇਖ, ਜੇ ਤੇਰੇ ਘਰ ਵਿਚ ਲੱਖਾਂ ਕ੍ਰੋੜਾਂ ਘੋੜੇ ਤੇ ਹਾਥੀ ਹਨ ਤਾਂ ਸਾਡੇ (ਹਿਰਦੇ-) ਘਰ ਵਿਚ (ਇਹ ਸਾਰੇ ਪਦਾਰਥ ਦੇਣ ਵਾਲਾ) ਇਕ ਪਰਮਾਤਮਾ (ਵੱਸਦਾ) ਹੈ।4।1।7। 58।

ਸ਼ਬਦ ਦਾ ਭਾਵ:- ਪਰਮਾਤਮਾ ਦਾ ਨਾਮ ਹੀ ਅਸਲ ਧਨ ਹੈ ਜੋ ਸਦਾ ਸਾਥ ਨਿਭਾਉਂਦਾ ਹੈ, ਤੇ ਜੋ ਸੁਖ ਨਾਮ-ਧਨ ਵਿਚ ਹੈ, ਉਹ ਸੁਖ ਰਾਜ-ਭਾਗ ਦੀ ਮੌਜ ਵਿਚ ਭੀ ਨਹੀਂ ਹੈ। 58।